# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
# ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

**ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।**

ਵੱਲ

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.)
2. ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ
3. ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)

ਮੀਮੋ ਨੰ:ਸਸਅ/ਐਮਸੀ/2010/58673-52710
ਮਿਤੀ,ਚੰਡੀਗੜ੍ਹ 16-08-2010

**ਵਿਸ਼ਾ :- ਨੌਵੀਂ ਜਮਾਤ ਦੇ ਸਿਲੇਬਸ ਸਬੰਧੀ।**

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਜਿਵੇਂ ਕਿ ਆਪ ਨੂੰ ਪਤਾ ਹੀ ਹੈ ਕਿ ਸਕੂਲ ਸਿੱਖਿਆ ਵਿਭਾਗ, ਪੰਜਾਬ ਦੇ ਲਏ ਗਏ ਫੈਸਲੇ ਅਨੁਸਾਰ ਛੇਵੀਂ ਜਮਾਤ ਤੋਂ ਲੈ ਕੇ ਦਸਵੀਂ ਜਮਾਤ ਤੱਕ ਦੇ ਮਹੀਨਾਵਾਰ ਟੈਸਟ ਲਏ ਜਾ ਰਹੇ ਹਨ ਜਿਸ ਦੀ ਮਹੀਨਾਵਾਰ ਸਿਲੇਬਸ ਵੰਡ ਸਰਵ ਸਿੱਖਿਆ ਅਭਿਆਨ, ਪੰਜਾਬ ਦੀ ਵੈੱਬ-ਸਾਈਟ ਤੇ ਉਪਲਬੱਧ ਹੈ। ਪਰ ਫੀਲਡ ਵਿੱਚੋਂ ਆਏ ਸੁਝਾਵਾਂ ਨੂੰ ਮੱਦੇ ਨਜ਼ਰ ਰੱਖਦਿਆਂ ਹੋਇਆਂ ਅਤੇ ਨੌਵੀਂ ਜਮਾਤ ਦੇ ਸਾਇੰਸ ਵਿਸ਼ੇ ਲਈ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਿੱਤੇ ਗਏ ਸਮੈਸਟਰ ਵੰਡ ਨੂੰ ਧਿਆਨ ਵਿੱਚ ਰੱਖਦੇ ਹੋਏ ਕੁੱਝ ਸੋਧ ਕੀਤੀ ਗਈ ਹੈ। ਇਸ ਸੋਧ ਨੂੰ ਆਪ ਜੀ ਤੱਕ ਪਹੁੰਚਾਉਣ ਲਈ ਵੈੱਬ-ਸਾਈਟ ਤੇ ਪਾਇਆ ਜਾ ਰਿਹਾ ਹੈ। ਇੱਥੇ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਨਵੇਂ ਸੋਧੇ ਗਏ ਸਿਲੇਬਸ ਦੀ ਹਾਰਡ ਕਾਪੀ ਵੀ ਤਿਆਰ ਕੀਤੀ ਗਈ ਹੈ ਜੋ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਵੰਡ ਮੁਤਾਬਿਕ ਹੈ ਅਤੇ ਨੌਵੀ ਜਮਾਤ ਦਾ ਸਾਇੰਸ ਵਿਸ਼ੇ ਦਾ ਸਤੰਬਰ 2010 ਦਾ ਪਹਿਲੇ ਸਮੈਸਟਰ ਦਾ ਫਾਈਨਲ ਪੇਪਰ ਸੋਧੇ ਹੋਏ ਸਿਲੇਬਸ ਮੁਤਾਬਿਕ ਆਇਗਾ।

3.0 ਆਪ ਨੂੰ ਲਿਖਿਆ ਜਾਂਦਾ ਹੈ ਕਿ ਇਸ ਸਬੰਧੀ ਸਾਇੰਸ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਤੁਰੰਤ ਨੋਟ ਕਰਵਾ ਦਿੱਤਾ ਜਾਵੇ।

**ਨੱਥੀ : ਸੋਧੇ ਹੋਏ ਸਿਲੇਬਸ ਦੀ ਕਾਪੀ।**

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ,ਚੰਡੀਗੜ੍ਹ**